ਦਫਤਰ ਜਿਲਾ ਲੋਕ ਸੰਪਰਕ ਅਫਸਰ, ਮੋਗਾ

**'ਮਾਈ ਭਾਗੋ ਵਿੱਦਿਆ ਯੋਜਨਾ' ਤਹਿਤ ਜ਼ਿਲ੍ਹੇ ਦੇ ਸਕੂਲਾਂ 'ਚ ਵਿਦਿਆਰਥਣਾਂ ਨੂੰ ਕੀਤੀ ਜਾ ਰਹੀ ਹੈ ਮੁਫ਼ਤ ਸਾਈਕਲਾਂ ਦੀ ਵੰਡ-ਡਿਪਟੀ ਕਮਿਸ਼ਨਰ**

- **'ਮਾਈ ਭਾਗੋ ਵਿੱਦਿਆ ਯੋਜਨਾ' ਲੜਕੀਆਂ ਨੂੰ ਸਿਖਿਅਤ ਕਰਨ 'ਚ ਨਿਭਾਅ ਰਹੀ ਹੈ ਅਹਿਮ ਭੂਮਿਕਾ**
- **ਜ਼ਿਲ੍ਹੇ 'ਚ 5,493 ਵਿਦਿਆਰਥਣਾਂ ਨੂੰ ਵੰਡੇ ਜਾਣਗੇ ਸਾਈਕਲ**
- **ਵਿਦਿਆਰਥਣਾਂ ਨੂੰ ਸਕੂਲ ਆਉਣਾ-ਜਾਣਾ ਹੋਇਆ ਆਸਾਨ**

ਮੋਗਾ ਜਨਵਰੀ 6:

ਪੰਜਾਬ ਸਰਕਾਰ ਦੀ 'ਮਾਈ ਭਾਗੋ ਵਿੱਦਿਆ ਯੋਜਨਾ' ਤਹਿਤ ਲੜਕੀਆਂ ਦੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਹਿੱਤ ਜ਼ਿਲ੍ਹੇ ਦੇ ਸਕੂਲਾਂ 'ਚ +1 ਅਤੇ +2 ਦੀਆਂ ਵਿਦਿਆਰਥਣਾਂ ਨੂੰ ਮੁਫਤ ਸਾਈਕਲਾਂ ਦੀ ਵੰਡ ਕੀਤੀ ਜਾ ਰਹੀ ਹੈ ਅਤੇ ਇਹ ਯੋਜਨਾ ਲੜਕੀਆਂ ਨੂੰ ਸਿਖਿਅਤ ਕਰਨ 'ਚ ਅਹਿਮ ਭੂਮਿਕਾ ਨਿਭਾਅ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਪਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ 'ਮਾਈ ਭਾਗੋ ਵਿੱਦਿਆ ਯੋਜਨਾ' ਤਹਿਤ ਜ਼ਿਲ੍ਹੇ ਦੇ ਸਕੂਲਾਂ ਵਿੱਚ +1 ਅਤੇ +2 ਸ੍ਰੇਣੀ ਵਿੱਚ ਪੜ੍ਹ ਰਹੀਆਂ ਲੜਕੀਆਂ ਨੂੰ 5,493 ਸਾਈਕਲ ਮੁਫ਼ਤ ਵੰਡੇ ਜਾਣਗੇ ਅਤੇ ਹੁਣ ਤੱਕ 2,370 ਸਾਈਕਲ ਵੰਡੇ ਵੀ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਨਿਹਾਲ ਸਿੰਘ ਵਾਲਾ 'ਚ 1,591, ਬਾਘਾਪੁਰਾਣਾ 'ਚ 1,443, ਮੋਗਾ 'ਚ 1,272 ਅਤੇ ਵਿਧਾਨ ਸਭਾ ਹਲਕਾ ਧਰਮਕੋਟ 'ਚ 1,187 ਵਿਦਿਆਰਥਣਾਂ ਨੂੰ ਸਾਈਕਲ ਵੰਡੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਪ੍ਰਸਾਰ ਅਤੇ ਸਿੱਖਿਆ ਵਿੱਚ ਗੁਣਾਤਮਕ ਸੁਧਾਰ ਲਿਆਉਣ ਹਿੱਤ ਕਈ ਅਹਿਮ ਉਪਰਾਲੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਲੜਕੀਆਂ ਵਿਸ਼ੇਸ਼ ਕਰਕੇ ਪੇਂਡੂ ਖੇਤਰ ਦੇ ਸਕੂਲਾਂ ਵਿੱਚ ਸਿੱਖਿਆ ਹਾਸਲ ਕਰ ਰਹੀਆਂ ਲੜਕੀਆਂ ਨੂੰ ਸਕੂਲ਼ ਆਉਣ-ਜਾਣ ਵਿੱਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ ਅਤੇ ਸਰਕਾਰੀ ਸਕੂਲਾਂ ਦੀ ਡਰਾਪ ਰੇਸ਼ੋ ਘਟਾਉਣ ਲਈ ਪੰਜਾਬ ਸਰਕਾਰ ਵੱਲੋਂ ਸਿੱਖ ਇਤਿਹਾਸ 'ਚ ਬਹੁਤ ਹੀ ਗੌਰਵਮਗ਼ਈ ਸਥਾਨ ਰੱਖਣ ਵਾਲੀ ਮਾਈ ਭਾਗੋ ਦੇ ਨਾਂ 'ਤੇ ਸਾਈਕਲ ਵੰਡਣ ਦੀ ਸਕੀਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਰਹਿ ਰਹੀਆਂ ਵਿਦਿਆਰਥਣਾਂ ਦੇ ਮਾਪੇ ਬੱਚੀਆਂ ਨੂੰ ਸਕੂਲ ਭੇਜਣ ਤੋਂ ਗੁਰੇਜ਼ ਕਰਦੇ ਸਨ, ਜਿਸ ਕਰਕੇ ਵਿਦਿਆਰਥਣਾਂ ਉਚੇਰੀ ਸਿੱਖਿਆ ਪ੍ਰਾਪਤ ਕਰਨ ਤੋਂ ਵਾਂਝੀਆਂ ਰਹਿ ਜਾਂਦੀਆਂ ਸਨ ਅਤੇ ਉਨ੍ਹਾਂ ਦੀ ਸਹੂਲਤ ਲਈ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਤਹਿਤ ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਨੂੰ ਮੁਫ਼ਤ ਸਾਈਕਲ ਵੰਡੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਲਈ ਹੋਰ ਵੀ ਕਈ ਪ੍ਰਭਾਵਸ਼ਾਲੀ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਦਸਵੀ ਸ੍ਰੇ'ਚ ਜਿਹੜੇ ਵਿਦਿਆਰਥੀ 80 ਫੀਸਦੀ ਤੋਂ ਵੱਧ ਨੰਬਰ ਪ੍ਰਾਪਤ ਕਰਦੇ ਹਨ, ਤਾਂ ਉਨ੍ਹਾਂ ਦੀ ਉਚੇਰੀ ਪੜ੍ਹਾਈ ਲਈ ਮੈਰੀਟੋਰੀਅਸ ਸਕੂਲ ਖੋਲ੍ਹੇ ਗਏ ਹਨ, ਜਿੱਥੇ ਕਿ ਬਿਨਾਂ ਕਿਸੇ ਫੀਸ ਤੋਂ ਸਿੱਖਿਆ ਮੁਹੱਈਆ ਕਰਵਾਈ ਜਾਂਦੀ ਹੈ।

ਸ. ਗਿੱਲ ਨੇ ਦੱਸਿਆ ਕਿ ਜਿੱਥੇ ਸ੍ਰ. ਪਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਪੰਜਾਬ ਵੱਲੋਂ ਵਿਦਿਆਰਥਣਾਂ ਨੂੰ ਮੁਫ਼ਤ ਸਾਈਕਲਾਂ ਦਾ ਤੋਹਫਾ ਦਿੱਤਾ ਗਿਆ ਹੈ, ਉਥੇ ਬਜ਼ੁਰਗਾਂ ਦੀ ਪੈਨਸ਼ਨ 250 ਤੋਂ ਵਧਾ ਕੇ 500 ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਨੰਬਰਦਾਰਾਂ ਦਾ ਮਾਣ-ਭੱਤਾ 1000 ਤੋਂ ਵਧਾ ਕੇ 1500 ਰੁਪਏ ਕੀਤਾ ਗਿਆ ਹੈ। ਇਸੇ ਤਰ੍ਹਾਂ 'ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ' ਤਹਿਤ ਨੀਲਾ ਕਾਰਡ ਧਾਰਕਾਂ ਨੂੰ ਮੈਡੀਕਲ ਬੀਮਾ ਦਾ ਲਾਭ 30 ਹਜਾਰ ਤੋਂ ਵਧਾ ਕੇ 50 ਹਜ਼ਾਰ ਰੁਪਏ ਕੀਤਾ ਗਿਆ ਹੈ ਅਤੇ ਇਸ ਯੋਂਜਨਾ ਤਹਿਤ ਜ਼ਿਲ੍ਹੇ ਦੇ ਨੀਲਾ ਕਾਰਡ ਧਾਰਕ ਪ੍ਰੀਵਾਰਾਂ ਦੇ ਸਮਾਰਟ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਦਾ ਵੀ ਬੀਮਾ ਸ਼ੁਰੂ ਕੀਤਾ ਗਿਆ ਹੈ।

---------

ਨੰ: ਪੀ.ਆਰ(ਪ੍ਰੈ ਰੀ)2015/8

**ਫੋਟੋ ਡੀ.ਸੀ.**